Weekly

# CANADA SIKH TIMES

7 - 20 December 2025

ਕੈਨੇਡਾ ਸਿੱਖ ਟਾਈਮਜ਼

Volume 3 Issue 49-50

• RELIGION • CULTURE • HERITAGE • BUSINESS

## ਹੁਸ਼ਿਆਰਪੁਰ ਦੀ ਸਿਮਰਨਜੀਤ ਕੌਰ ਇਟਲੀ ਪੁਲਿਸ ਵਿਚ ਹੋਈ ਭਰਤੀ



ਇਟਲੀ ਵਿੱਚ ਵੱਸਦੇ ਪੰਜਾਬੀਆ ਦੀ ਨਵੀਂ ਪੀੜੀ ਅੱਜ ਕੱਲ੍ਹ ਸਫ਼ਲਤਾ ਦੇ ਝੰਡੇ ਬੁਲੰਦ ਕਰ ਰਹੇ ਹਨ। ਇਸੇ ਲੜੀ ਵਿਚ ਇਟਲੀ ਦੇ ਬਰੇਸ਼ੀਆ ਜ਼ਿਲ੍ਹੇ ਵਿੱਚ ਲੋਕਲ ਪੁਲਿਸ ਵਿੱਚ ਭਰਤੀ ਹੋਈ ਸਿਮਰਨਜੀਤ ਕੌਰ ਨੇ ਇਟਲੀ ਵਿੱਚ ਕਾਮਯਾਬੀ ਦੇ ਝੰਡੇ ਗੱਡ ਕੇ ਭਾਈਚਾਰੇ ਦਾ ਮਾਣ ਵਧਾਇਆ ਹੈ। 20 ਸਾਲਾਂ ਸਿਮਰਨਜੀਤ ਕੌਰ ਜੋ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਵੱਡੀ ਮਿਆਣੀ ਨਾਲ ਸੰਬੰਧਿਤ ਹੈ ਅਤੇ ਆਪਣੇ ਮਾਤਾ-ਪਿਤਾ ਨਾਲ ਜ਼ਿਲ੍ਹਾ ਬਰੇਸ਼ੀਆ ਦੇ ਕਸਬਾ ਗਾਂਬਰਾਂ ਵਿਖੇ ਰਹਿ ਰਹੀ ਹੈ। ਉਸ ਨੇ ਦੱਸਿਆ ਕਿ ਉਸ ਦੇ ਮਾਪਿਆ ਦੀਆਂ ਅਰਦਾਸਾਂ ਸਦਕਾ ਉਸ ਨੇ ਪੁਲਿਸ ਵਿਚ ਨੌਕਰੀ ਪ੍ਰਾਪਤ ਕਰ ਲਈ ਹੈ। ਸਿਮਰਨਜੀਤ ਕੌਰ ਦੇ ਪਿਤਾ ਨੇ ਪੱਤਰਕਾਰ ਨੂੰ ਦੱਸਿਆ ਕਿ ਉਹਨਾਂ ਦੀ ਹੋਣਹਾਰ ਬੇਟੀ ਪੰਜ ਸਾਲ ਦੀ ਉਮਰ ਵਿੱਚ ਇਟਲੀ ਪੁੱਜੀ ਸੀ, ਇੱਥੇ ਆ ਕੇ ਹੀ ਉਸ ਨੇ ਆਪਣੀ ਮੁੱਢਲੀ ਸਿੱਖਿਆ ਪ੍ਰਾਪਤ ਕੀਤੀ। ਸਖ਼ਤ ਮਿਹਨਤ ਅਤੇ ਲਗਨ ਸਦਕਾ ਉੱਚੇ ਪੱਧਰ ਦੇ ਇਮਤਿਹਾਨ ਨਾਲ ਲੋਕਲ ਪੁਲਿਸ ਵਿੱਚ ਭਰਤੀ ਹੋਈ ਹੈ। ਉਹਨਾਂ ਕਿਹਾ ਕਿ ਉਹ ਇਟਲੀ ਵੱਸਦੇ ਭਾਰਤੀ ਭਾਈਚਾਰੇ ਅਤੇ ਇਟਲੀ ਵਾਸੀਆ ਦਾ ਵੀ ਧੰਨਵਾਦ ਕੀਤਾ।

## Local VCE student achieves highest possible result



A Hume Anglican Grammar student has achieved the highest possible VCE result, with Manraj Dhanoa scoring an ATAR of 99.95 and being named dux for 2025. It marks the first time a student from the school has reached this milestone. Manraj described the moment as surreal, saying the result took time to sink in as his family celebrated. He credited his success to mindset and carefully tracking mistakes throughout Year 12. Also school captain, Manraj was recognised for leadership, community service, and co-curricular involvement. He plans to study commerce at the University of Melbourne. Principal Bill Sweeney praised the cohort's outstanding results, noting that 20 per cent achieved ATARs above 90. Proxime accessit Saad Khurram scored 99.25.

## Punjabi Entrepreneurs Donate $500,000 to B.C. Hospital Redevelopment




Punjabi entrepreneurs Garry Singh Sangha and Kuldeep Singh Chohan have donated $500,000 to the Royal Columbian Hospital Foundation in British Columbia, supporting the redevelopment of one of the province's key healthcare facilities. The contribution, made through the South Asian Health Fund and Coastal Consulting Inc., will help enhance patient care and improve hospital infrastructure. The donation highlights the growing role of the Punjabi community in philanthropy and public welfare initiatives across Canada. Representatives of the Royal Columbian Hospital Foundation expressed gratitude for the generous support, noting that such contributions play a vital role in advancing healthcare services for diverse communities. The gesture has been widely appreciated on social media, with many praising the donors for giving back and setting an example of community leadership and social responsibility.

# DESH VIDESH

## ਮੁੱਦਕੀ ਦੀ ਜੰਗ (ਜੰਗ ਸਿੰਘਾਂ ਤੇ ਫਿਰੰਗੀਆਂ)

- ਬਲਦੀਪ ਸਿੰਘ ਰਾਮੂੰਵਾਲੀਆ

ਸ਼ਾਹ ਮੁਹੰਮਦਾ ਗੋਰਿਆਂ ਛੇੜ ਛੇੜੀ,
ਮੁਲਕ ਪਾਰ ਦਾ ਮੱਲਿਆ ਆਨ ਮੀਆਂ।

ਇਹ ਜੰਗ ਲਾਹੌਰ ਦਰਬਾਰ ਵੱਲੋਂ ਨਹੀਂ, ਗੋਰਾਸ਼ਾਹੀ ਵੱਲੋਂ ਛੇੜੀ ਗਈ ਸੀ। ਮੁਦਕੀ ਦੀ ਜੰਗ ਵਕਤ ਸਿੱਖਾਂ ਦਾ ਵਜ਼ੀਰ ਅਤੇ ਸੈਨਾਪਤੀ ਅੰਗਰੇਜ਼ਾਂ ਦੇ ਜ਼ਰ ਖ਼ਰੀਦ ਗੁਲਾਮ ਬਣ ਚੁਕੇ ਸਨ। ਲਾਲ ਸਿੰਘ , ਤੇਜਾ ਸਿੰਘ ਤੇ ਗੁਲਾਬ ਸਿੰਘ ਡੋਗਰੇ ਨੇ ਅੰਗਰੇਜ਼ਾਂ ਨੂੰ ਹਰ ਹਾਲਤ ਵਿਚ ਮੈਦਾਨ ਫ਼ਤਹ ਕਰਵਾਉਣ ਦਾ ਕੌਲ਼ ਦਿੱਤਾ ਹੋਇਆ ਸੀ। ਇਸ ਲਈ ਹੀ ਦਰਿਆ ਪਾਰ ਆਪਣੇ ਇਲਾਕੇ ਵਿਚ ਆ ਕੇ ਵੀ, ਸਿੱਖ ਫੌਜਾਂ ਦੇ ਜਜ਼ਬਾਤਾਂ ਅਤੇ ਨੀਤੀ ਦੀ ਪਰਵਾਹ ਕੀਤੇ ਬਿਨਾਂ ਲਾਲ ਸਿੰਘ ਨੇ ਫਿਰੋਜ਼ਪੁਰ ਅੰਗਰੇਜ਼ ਛਉਣੀ ਤੇ ਹਮਲਾ ਨਹੀਂ ਕੀਤਾ; ਸਗੋਂ ਉਥੋਂ ਦੇ ਪੌਲੀਟੀਕਲ ਏਜੰਟ ਪੀਟਰ ਨਿਕਲਸਨ ਨਾਲ ਚਿੱਠੀ ਪੱਤਰ ਕਰਕੇ ਉਸਤੋਂ ਪੁਛਿਆ: "ਮੈਂ ਫ਼ੌਜ ਨਾਲ ਦਰਿਆ ਪਾਰ ਹੋ ਆਇਆ ਹਾਂ। ਤੁਹਾਨੂੰ ਮੇਰੀ ਅੰਗਰੇਜ਼ਾਂ ਨਾਲ ਦੋਸਤੀ ਦਾ ਪਤਾ ਹੀ ਹੈ।ਮੈਨੂੰ ਦੱਸੋ ਹੁਣ ਮੈਂ ਕੀ ਕਰਾਂ।"

ਜੁਆਬ ਵਿਚ ਨਿਕਲਸਨ ਨੇ ਲਿਖਿਆ "ਫੀਰੋਜ਼ਪੁਰ ਤੇ ਹੱਲਾ ਨ ਕਰਨਾ।ਜਿਨਾ ਚਿਰ ਹੋ ਸਕੇ, ਅਟਕੇ ਰਹੋ ਅਤੇ ਫੇਰ ਗਵਰਨਰ ਜਨਰਲ ਵਲ ਨੂੰ ਕੂਚ ਕਰਨਾ।"

ਕਰਨਲ ਮੂਤੇ, ਜੌਨ ਲਡਲੋ ਆਦਿ ਮੰਨਦੇ ਹਨ ਕਿ, ਜੇ ਕਿਤੇ ਲਾਲ ਸਿੰਘ ਫ਼ਿਰੋਜ਼ਪੁਰ ਤੇ ਹਮਲਾ ਕਰ ਦਿੰਦਾ ਤਾਂ ਸਾਰੀ ਤਾਰੀਖ਼ ਨੇ ਹੀ ਪਲਟ ਜਾਣਾ ਸੀ, ਇਹ ਹਾਰ ਨੇ ਅੰਗਰੇਜ਼ਾਂ ਦੇ ਪੈਰਾਂ ਥੱਲੋਂ ਜ਼ਮੀਨ ਕੱਢ ਲੈਣੀ ਸੀ।ਕੈਪਟਨ ਮਰੇ ਵੀ ਲਿਖਦਾ ਕਿ ਜੇ ਖਾਲਸਾ ਫ਼ੌਜ ਵਾਂਗ ਉਹਨਾਂ ਦੇ ਆਗੂ ਵੀ ਇਮਾਨਦਾਰ ਹੁੰਦੇ ਤਾਂ ਫ਼ਿਰੋਜ਼ਪੁਰ ਡਵੀਜ਼ਨ ਤਬਾਹੀ ਤੋਂ ਨ ਬਚ ਪਾਉਂਦੀ। ਪਰ ......!

ਅੰਗਰੇਜ਼ਾਂ ਦੀਆਂ 12 ਪੈਦਲ ਬਟਾਲੀਅਨਾਂ ਦੇ ਸਾਹਮਣੇ ਸਿੱਖਾਂ ਦੀਆਂ ਕੇਵਲ ਤਿੰਨ ਪੈਦਲ ਬਟਾਲੀਅਨਾਂ ਸਨ। 2000 ਪੈਦਲ ਤੇ 8000 ਘੋੜ ਚੜੇ ਤੇ ਕੋਈ 22 ਤੋਪਾਂ ਨਾਲ ਉਹ ਮੁੱਦਕੀ ਦੇ ਮੈਦਾਨ ਵਿਚ ਦੁਪਿਹਰ ਤੋਂ ਬਾਅਦ ਪਹੁੰਚੇ। ਲੜਾਈ ਦੀ ਸ਼ੁਰੂਆਤ ਵਿਚ ਹੀ ਸਿੱਖ ਫੌਜ ਦਾ ਵਜ਼ੀਰ ਅੰਗਰੇਜ਼ਾਂ ਨਾਲ ਯਾਰੀ ਨਿਭਾਉਂਦਿਆਂ ਦੌੜ ਗਿਆ। ਕਨਿੰਘਮ ਲਿਖਦਾ ਹੈ :

"ਹੱਲਾ ਕਰਨ ਵੇਲੇ ਲਾਲ ਸਿੰਘ ਫ਼ੌਜਾਂ ਦਾ ਮੁਹਰੀ ਸੀ, ਪਰ ਮੂਲ ਤੇ ਗਿਣੀ ਮਿਥੀ ਸਾਜ਼ਸ਼ ਅਨੁਸਾਰ ਉਹ ਫ਼ੌਜਾਂ ਦੀ ਮੁਠ ਭੇੜ ਕਰਵਾ ਕੇ ਤੇ ਅੰਗਰੇਜ਼ ਦੁਸ਼ਮਣ ਨਾਲ ਉਲਝਾ ਕੇ ਆਪ ਉਨ੍ਹਾਂ ਨੂੰ ਛੱਡ ਗਿਆ, ਤਾਂ ਜੋ, ਜਿਵੇਂ ਉਹਨਾਂ ਦੀ ਮਰਜੀ ਹੋਵੇ, ਆਪਣੀ ਬੇ ਮੁਹਾਰੀ ਬਹਾਦਰੀ ਦੇ ਜੌਹਰ ਪਏ ਵਿਖਾਉਣ।"

ਲਾਲ ਸਿੰਘ ਦੇ ਨਾਲ ਹੀ ਅਯੁੱਧਿਆ ਪ੍ਰਸਾਦ, ਅਮਰ ਨਾਥ ਤੇ ਬਖ਼ਸ਼ੀ ਘਨੱਈਆ ਲਾਲ ਭੱਜ ਤੁਰੇ, ਪਰ ਫਿਰ ਵੀ ਫ਼ਰਾਸੀਸੀ ਬ੍ਰਿਗੇਡ ਦੇ ਸਹਾਇਕ ਕਮਾਂਡਰ ਜਨਰਲ ਰਾਮ ਸਿੰਘ, ਜਨਰਲ ਮਹਿਤਾਬ ਸਿੰਘ ਮਜੀਠੀਆ, ਬੁਧ ਸਿੰਘ, ਚਤਰ ਸਿੰਘ ਕਾਲਿਆਂ ਵਾਲਾ ਆਦਿ ਫ਼ੌਜ ਨੂੰ ਹੱਲਾਸ਼ੇਰੀ ਦੇ ਰਹੇ ਸਨ। ਜਾਰਜ ਬਰੂਸ ਲਿਖਦਾ ਹੈ ਕਿ ਹੁਣ ਹਾਲਤ ਇਹ ਸੀ:

"ਸਿੱਖਾਂ ਦੇ ਇਕ ਪੈਦਲ ਫ਼ੌਜੀ ਦੇ ਮੁਕਾਬਲੇ ਅੰਗਰੇਜ਼ਾਂ ਦੇ ਪੰਜ ਪੈਦਲ ਫ਼ੌਜੀ ਸਨ, ਪਰ ਫਿਰ ਵੀ ਉਹ (ਅੰਗਰੇਜ਼) ਪਿੱਛੇ ਧੱਕ ਦਿੱਤੇ ਗਏ।"

ਇਸ ਵਕਤ ਅੰਗਰੇਜ਼ਾਂ ਦੇ ਪੂਰਬੀਏ ਫ਼ੌਜੀ ਜੋ ਛਿਲੜਾਂ ਲਈ ਲੜ ਰਹੇ ਸਨ , ਉਹ ਭੱਜ ਉੱਠੇ। ਜਦ ਗਫ਼ ਨੂੰ ਪਤਾ ਲੱਗਾ ਤਾਂ ਉਸਨੇ ਕੈਪਟਨ



ਹੈਵਲਾਕ ਨੂੰ ਇਹਨਾਂ ਨੂੰ ਰੋਕਣ ਲਈ ਭੇਜਿਆ। ਜਾਰਜ ਬਰੂਸ ਲਿਖਦਾ:

"ਬਹੁਤ ਸਾਰੇ ਪੂਰਬੀਏ ਫ਼ੌਜੀ, ਜਿਨ੍ਹਾਂ ਨੇ ਹਿੰਦੁਸਤਾਨ ਵਿੱਚ ਇੰਨੀ ਭਿਆਨਕ ਤੇ ਤਬਾਹੀ ਵਾਲੀ ਜੰਗ ਅਜੇ ਤਕ ਨਹੀਂ ਸੀ ਲੜੀ, ਤੋਪਾਂ ਦੀ ਭਿਆਨਕ ਮਾਰ ਤੋਂ ਬਚਣ ਲਈ ਘਬਰਾਹਟ ਵਿਚ ਜਾਂ ਡਰ ਕਾਰਨ ਵਫ਼ਾਦਾਰੀ ਭੁੱਲਦੇ ਹੋਏ ਇਕਦਮ ਮੈਦਾਨ 'ਚੋਂ ਭੱਜ ਪਏ।ਹੀਊ ਗਫ਼ ਨੇ ਉਨ੍ਹਾਂ ਨੂੰ ਰੋਕਣ ਵਾਸਤੇ ਕੈਪਟਨ ਹੈਨਰੀ ਹੈਵਲਾਕ ਨੂੰ ਉਹਨਾਂ ਦੇ ਮਗਰ ਭੇਜਿਆ ਜੋ ਘੋੜਾ ਭਜਾਉਂਦਾ ਹੋਇਆ ਉਹਨਾਂ ਕੋਲ ਪਹੁੰਚ ਕੇ ਉੱਚੀ ਉੱਚੀ ਚੀਕ ਚੀਕ ਕੇ ਕਹਿ ਰਿਹਾ ਸੀ ਕਿ ਦੁਸ਼ਮਣ ਤੁਹਾਡੇ ਸਾਹਮਣੇ ਹੈ, ਤੁਹਾਡੇ ਪਿਛੇ ਨਹੀਂ।"

ਸਿੱਖ ਫ਼ੌਜੀਆਂ ਤੇ ਪੂਰਬੀਏ ਅੰਗਰੇਜ਼ ਫ਼ੌਜੀਆਂ ਦੇ ਸੁਭਾਅ ਵਿਚਲਾ ਅੰਤਰ ਕਨਿੰਘਮ ਨੇ ਬਹੁਤ ਸੋਹਣਾ ਬਿਆਨ ਕੀਤਾ:

"ਹਰ ਸਿੱਖ ਇਸ ਕਾਰਜ ਨੂੰ ਆਪਣਾ ਸਮਝਦਾ ਸੀ।ਉਹ ਮਜ਼ਦੂਰ ਦਾ ਕੰਮ ਵੀ ਕਰਦਾ ਸੀ ਤੇ ਬੰਦੂਕ ਵੀ ਧਾਰਨ ਕਰਦਾ ਸੀ। ਉਹ ਤੋਪਾਂ ਖਿੱਚਦਾ, ਬੌਲਦ ਹਿੱਕਦਾ, ਸਾਰਬਾਨੀ ਕਰਦਾ ਅਤੇ ਚਾਈਂ ਚਾਈਂ ਬੇੜੀਆਂ ਤੇ ਮਾਲ ਲੱਦਦਾ ਤੇ ਲਾਹੁੰਦਾ ਸੀ। ਇਸਦੇ ਮੁਕਾਬਲੇ ਤੇ ਅੰਗਰੇਜ਼ ਫ਼ੌਜ ਦੇ ਹਿੰਦੁਸਤਾਨੀ ਫ਼ੌਜੀ ਕੇਵਲ ਪੈਸੇ ਲਈ ਲੜ ਰਹੇ ਸਨ।ਇਹਨਾਂ ਭਾੜੇ ਦੇ ਟੱਟੂ ਫ਼ੌਜੀਆਂ ਦੀ ਲੜਨ ਦੀ ਕੋਈ ਖ਼ਾਸ ਰੁਚੀ ਨਹੀਂ ਸੀ।ਉਹ ਤਾਂ ਅਣਮੰਨੇ ਮਨ ਨਾਲ ਹੁਕਮ ਮੰਨਣ ਦਾ ਦਿਖਾਵਾ ਕਰਦੇ ਸਨ।"

ਅੰਗਰੇਜ਼ ਸਿੱਖਾਂ ਨੂੰ ਹਿੰਦੁਸਤਾਨੀਆਂ ਵਾਂਗ ਆਪਣੇ ਮੁਕਾਬਲੇ ਤੇ ਪਹਿਲਾਂ ਕੱਖ ਨਹੀਂ ਸਮਝਦੇ ਸਨ। ਪਰ ਜੰਗ ਦੇ ਮੈਦਾਨ ਵਿਚ ਹੁਣ ਇਹ ਵੇਖ ਹੈਰਾਨ ਸਨ ਕਿ ਕਿਵੇਂ ਸਿੱਖ ਆਪਣੇ ਖੱਬੇ ਹਥ ਨਾਲ ਉਹਨਾਂ ਉਪਰ ਹੋ ਰਹੇ ਨੇਜ਼ਿਆਂ ਜਾਂ ਸੰਗੀਨਾਂ ਦੇ ਵਾਰ ਨੂੰ ਰੋਕਦੇ ਹਨ ਤੇ ਸੱਜੇ ਹਥ ਨਾਲ ਇੰਨਾ ਜੋਰਦਾਰ ਤਲਵਾਰ ਦਾ ਵਾਰ ਕਰਦੇ ਹਨ ਕਿ ਉਹ ਜਰਾ ਬਖਤਰ ਸਣੇ ਸਰੀਰ ਨੂੰ ਚੀਰਦੀ ਜਾਂਦੀ ਹੈ। ਥੋਰਬਰਨ ਲਿਖਦਾ ਹੈ:

"ਅੰਗਰੇਜ਼ ਅਫ਼ਸਰ ਅਤੇ ਫ਼ੌਜੀ ਸਮਝਦੇ ਸਨ ਕਿ ਬਗ਼ਾਵਤੀ ਸੁਰਾਂ 'ਚ ਲਿਪਟੀ ਤੇ ਹੁਲੜਬਾਜ਼ੀ ਦਾ ਸ਼ਿਕਾਰ ਹੋਈ ਖ਼ਾਲਸਾ ਫ਼ੌਜ ਨੂੰ ਹਿੰਦੁਸਤਾਨੀਆਂ ਵਾਂਗ ਇਕ ਦੋ ਲੜਾਈਆਂ ਵਿਚ ਹੀ ਹਰਾ ਦੇਣਗੇ ਤੇ ਭਜਾ ਦੇਣਗੇ।" .......ਪਰ ਇਸ ਲੜਾਈ ਨੇ ਸਾਰੇ ਮਨਸੂਬੇ ਫੇਲ ਕਰ ਦਿੱਤੇ। ਅੰਗਰੇਜ਼ਾਂ ਨੂੰ ਯਕੀਨ ਨਹੀਂ ਸੀ ਰਿਹਾ ਆਗੂਆਂ ਤੋਂ ਬਿਨਾਂ ਕੋਈ ਫ਼ੌਜ ਲੜੇ ਤੇ ਉਹਨਾਂ ਦਾ ਇੰਨਾ ਵੱਡਾ ਨੁਕਸਾਨ ਕਰ ਜਾਵੇ, ਜੋ ਉਹਨਾਂ ਸੋਚਿਆ ਵੀ ਨਹੀਂ ਸੀ। ਹਕੀਕਤ ਵਿਚ ਅੰਗਰੇਜ਼ ਦੀ ਛੱਲ ਕਪਟ ਦੀ ਇਹ ਜਿੱਤ ਅੰਗਰੇਜ਼ਾਂ ਨੂੰ ਹੀ ਜਿੱਤ ਨਹੀਂ ਲੱਗ ਰਹੀ ਸੀ।

(ਬਾਕੀ ਅਗਲੇ ਪਰਚੇ ਵਿਚ)

# HERITAGE

## ਪੰਜਾਬ ਦੀ ਇੱਕ ਹੋਰ ਧੀ ਨੇ ਗੱਡੇ ਝੰਡੇ!

### ਇਕਨਾਮਿਕਸ ਦੀ ਡਿਗਰੀ ਹਾਸਲ ਕਰ ਵਧਾਇਆ ਮਾਣ



ਇਟਲੀ ਦੀਆਂ ਅਖ਼ਬਾਰਾਂ ਵਿੱਚ ਭਾਰਤੀ ਵਿਦਿਆਰਥੀਆਂ ਦੀ ਕਾਮਯਾਬੀ ਦਾ ਜ਼ਿਕਰ ਅਕਸਰ ਹੁੰਦਾ ਰਹਿੰਦਾ ਹੈ। ਇਕ ਵੱਖਰੀ ਭਾਸ਼ਾ ਹੋਣ ਦੇ ਬਾਵਜੂਦ ਇੱਥੇ ਰਹਿੰਦੇ ਪੰਜਾਬੀਆਂ ਦੇ ਬੱਚੇ ਪੜ੍ਹਾਈ ਵਿੱਚ ਚੰਗਾ ਨਾਮਣਾ ਖੱਟ ਰਹੇ ਹਨ। ਇਸੇ ਤਰ੍ਹਾਂ ਪੰਜਾਬ ਦੇ ਪਿੰਡ ਪੰਜਡੇਰਾ ਕਲਾਂ, ਮੁਕੇਰੀਆਂ ਨਾਲ ਸੰਬੰਧਿਤ ਸਹਿਜੀਤ ਕੌਰ ਆਪਣੇ ਪਰਿਵਾਰ ਨਾਲ ਇਟਲੀ ਦੇ ਗੌਂਤੋਲੈਂਗੋ ਵਿਖੇ ਰਹਿ ਰਹੀ ਹੈ, ਨੇ ਬਰੇਸ਼ੀਆ ਯੂਨੀਵਰਸਿਟੀ ਤੋਂ ਇਕਨਾਮਿਕਸ ਦੀ ਡਿਗਰੀ ਪ੍ਰਾਪਤ ਕਰਕੇ ਪੰਜਾਬ ਦਾ ਮਾਣ ਵਧਾਇਆ ਹੈ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਹਿਜੀਤ ਕੌਰ ਦੇ ਮਾਤਾ-ਪਿਤਾ ਨੇ ਦੱਸਿਆਂ ਕਿ ਉਨ੍ਹਾਂ ਦੀ ਧੀ ਬਚਪਨ ਤੋਂ ਹੀ ਪੜ੍ਹਾਈ ਵਿੱਚ ਹੁਸ਼ਿਆਰ ਸੀ। ਉਹਨਾਂ ਦਾ ਸੁਪਨਾ ਸੀ ਕਿ ਉਹਨਾਂ ਦੀ ਧੀ ਪੜ੍ਹਾਈ ਵਿੱਚ ਅੱਵਲ ਨੰਬਰ ਲਿਆ ਕੇ ਡਿਗਰੀ ਹਾਸਿਲ ਕਰੇ, ਜੋ ਕਿ ਉਸਨੇ ਬਰੇਸ਼ੀਆ ਯੂਨੀਵਰਸਿਟੀ ਤੋਂ ਇਕਨਾਮਿਕਸ ਦੀ ਡਿਗਰੀ 110 ਵਿੱਚੋਂ 110 ਅੰਕ ਪ੍ਰਾਪਤ ਕਰਕੇ ਪੂਰਾ ਕੀਤਾ ਹੈ ਅਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਸਹਿਜੀਤ ਕੌਰ ਦੀ ਸਫਲਤਾ ਨੂੰ ਦੇਖਦੇ ਹੋਏ ਉਨ੍ਹਾਂ ਦੇ ਘਰ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।

## ਕੈਨੇਡਾ ਨੇ ਸਿਟੀਜ਼ਨਸ਼ਿਪ ਕਾਨੂੰਨ 'ਚ ਕੀਤਾ ਵੱਡਾ ਬਦਲਾਅ



ਕੈਨੇਡਾ ਦੀ ਸਰਕਾਰ ਨੇ ਆਪਣੇ ਨਾਗਰਿਕਤਾ ਨਿਯਮਾਂ ਵਿੱਚ ਇੱਕ ਅਹਿਮ ਤਬਦੀਲੀ ਕੀਤੀ ਹੈ, ਜਿਸ ਨਾਲ ਵਿਦੇਸ਼ਾਂ ਵਿੱਚ ਪੈਦਾ ਹੋਏ ਜਾਂ ਗੋਦ ਲਏ ਗਏ ਬੱਚਿਆਂ ਲਈ ਕੈਨੇਡੀਅਨ ਨਾਗਰਿਕਤਾ ਪ੍ਰਾਪਤ ਕਰਨ ਦਾ ਰਾਹ ਖੁੱਲ੍ਹ ਗਿਆ ਹੈ। ਬਿੱਲ C-3, ਜਿਸ ਨਾਲ ਨਾਗਰਿਕਤਾ ਦੇ ਅਧਿਕਾਰਾਂ ਦਾ ਮਹੱਤਵਪੂਰਨ ਵਿਸਥਾਰ ਹੋਇਆ ਹੈ, 15 ਦਸੰਬਰ ਤੋਂ ਲਾਗੂ ਕਰ ਦਿੱਤਾ ਗਿਆ ਹੈ। ਇਹ ਕਦਮ ਖਾਸ ਤੌਰ 'ਤੇ ਉਨ੍ਹਾਂ ਪਰਿਵਾਰਾਂ ਲਈ ਲਾਭਦਾਇਕ ਮੰਨਿਆ ਜਾ ਰਿਹਾ ਹੈ ਜਿਨ੍ਹਾਂ ਦੇ ਮੈਂਬਰ ਵਿਦੇਸ਼ਾਂ ਵਿੱਚ ਰਹਿੰਦੇ ਹਨ ਜਾਂ ਜਿਨ੍ਹਾਂ ਦਾ ਜਨਮ ਵਿਦੇਸ਼ ਵਿੱਚ ਹੋਇਆ ਹੈ। ਕੈਨੇਡਾ ਵਿੱਚ ਭਾਰਤੀ ਭਾਈਚਾਰੇ ਦੀ ਵੱਡੀ ਗਿਣਤੀ ਦੇ ਮੱਦੇਨਜ਼ਰ, ਇਹ ਨਵਾਂ ਨਿਯਮ ਭਾਰਤੀ ਮੂਲ ਦੇ ਨਾਗਰਿਕਾਂ ਲਈ ਬਹੁਤ ਫਾਇਦੇਮੰਦ ਸਾਬਤ ਹੋ ਸਕਦਾ ਹੈ। ਨਵੇਂ ਨਿਯਮਾਂ ਤਹਿਤ, ਕੈਨੇਡੀਅਨ ਨਾਗਰਿਕ ਮਾਪੇ ਹੁਣ ਵਿਦੇਸ਼ ਵਿੱਚ ਪੈਦਾ ਹੋਏ ਜਾਂ ਗੋਦ ਲਏ ਗਏ ਆਪਣੇ ਬੱਚਿਆਂ ਲਈ ਨਾਗਰਿਕਤਾ ਲੈ ਸਕਦੇ ਹਨ। ਇਸ ਦੀ ਸ਼ਰਤ ਇਹ ਹੈ ਕਿ ਬੱਚੇ ਦੇ ਜਨਮ ਜਾਂ ਗੋਦ ਲੈਣ ਤੋਂ ਪਹਿਲਾਂ ਮਾਪਿਆਂ ਨੇ ਕੈਨੇਡਾ ਵਿੱਚ ਘੱਟੋ-ਘੱਟ 3 ਸਾਲ (1095 ਦਿਨ) ਸਰੀਰਕ ਤੌਰ 'ਤੇ ਨਿਵਾਸ ਕੀਤਾ ਹੋਵੇ। ਇਹ ਬਦਲਾਅ ਨਾਗਰਿਕਾ ਪ੍ਰਤੀ ਦੇਸ਼ ਦੇ ਨਜ਼ਰੀਏ ਨੂੰ ਵਧੇਰੇ ਉਦਾਰ ਅਤੇ ਆਧੁਨਿਕ ਬਣਾਉਂਦਾ ਹੈ, ਅਤੇ ਹੁਣ ਸਿਟੀਜ਼ਨਸ਼ਿਪ ਦੀ ਯੋਗਤਾ ਦਾ ਵਿਸਥਾਰ ਪਹਿਲੀ ਪੀੜ੍ਹੀ ਤੋਂ ਬਾਹਰ ਵੀ ਕਰ ਦਿੱਤਾ ਗਿਆ ਹੈ।

## Punjab Scientist Achieves Major Breakthrough in Quantum Science



Dr. Harpreet Singh of Guru Nanak Dev University has achieved a major breakthrough in quantum technology by developing an ultra-sensitive quantum sensor in collaboration with scientists from the University of California, Berkeley. The new sensor is reported to be 1,200 times more sensitive than existing diamond-based sensors while remaining low-cost and highly precise. The innovation marks a significant milestone for Indian science and strengthens India's position among global leaders in next-generation quantum research. Experts say the advancement could have wide-ranging applications in medicine, materials science, and advanced computing. The achievement has brought pride to Punjab and highlights the growing impact of Indian researchers on cutting-edge global scientific collaborations.

### ◆◆ ਰੋਸੁ ਨ ਕੀਜੈ ਉਤਰੁ ਦੀਜੈ ◆◆

1. **Which virtue of Mata Gujri is most highlighted during imprisonment in Thanda Burj?**

A. Anger
B. Hardship
C. Unshakable faith and courage
D. Wealth and power

2. **What was the primary reason the Mughal authorities tried to lure the younger Sahibzadas?**

A. For military service
B. To gain wealth
C. To force them to abandon their faith
D. To become advisors

3. **How did the younger Sahibzadas respond to threats, temptations, and promises of luxury?**

A. They hesitated
B. They agreed to discuss
C. They refused with courage and pride
4. They asked for more time

(ਦੇਖੋ ਉੱਤਰ ਪੰਨਾ 4 'ਤੇ)

# INSPIRING LIFE OF BHAI LAKHI SHAH VANJARA

Today, I want to share with you the inspiring life of Bhai Lakhi Shah Vanjara. He was a humble trader from the Vanjara community, living near Delhi in the 17th century. Though his work was in trade and transport, his heart was always devoted to the Sikh Gurus.

In 1675, when Guru Tegh Bahadur Ji was martyred in Chandni Chowk for defending the right of religious freedom, the Mughal rulers left his body in the open as a warning. No one dared to step forward. But Bhai Lakhi Shah Vanjara showed extraordinary courage.

During a dust storm, he secretly carried Guru Ji's sacred body in his bullock cart, hiding it under cotton bales. He brought it to his own home. And then, to protect the Guru's honor, he set fire to his house, sacrificing his own possessions so that Guru Ji could be cremated with dignity and his age was 95. That place is now known as Gurdwara Rakab Ganj Sahib in Delhi.

Children and youth, the message here is powerful: Bhai Lakhi Shah Vanjara teaches us that true devotion is not just in words, but in action. He risked everything, his wealth, his home, even his life, to uphold the Guru's honor.

His story reminds us:

- Courage is not the absence of fear, but the strength to do what is right.
- Sacrifice is the foundation of our faith.
- And protecting truth and justice is the duty of every Sikh.

As you grow, remember Bhai Lakhi Shah Vanjara's example. Stand up for what is right, even when it is difficult. Value your culture, your traditions, and the sacrifices that built them.

Let us honor his legacy by living with courage, compassion, and unity.



Waheguru Ji Ka Khalsa,
Waheguru Ji Ki Fateh.

– Prithpal Singh Chagger
Speaker

## Kuwar Amritbir Singh Honoured with Honourable Colonel Rank



Kuwar Amritbir Singh has been honoured with the rank of Honourable Colonel by the International Police Forum in recognition of his distinguished service and commitment to public welfare. The ceremony acknowledged his contributions to leadership, discipline, and community engagement. The honour reflects the growing recognition of Sikh representation in international institutions and celebrates service beyond uniformed duty. Community leaders and dignitaries present praised the achievement as a moment of pride and inspiration for the youth.


## SIKH MATRIMONIALS

Match for Sikh Boy height 5 feet 8 inches, date of birth 26.01.96 working as aeronautical engineer in a reputed airline in Canada. PR holder. Own house . Salary 100,000 CAD per Annum. Please contact 9971863565.

Gursikh Boy 32/5'7"/ BTech/Post Graduate from Niagara College/ Working as Engineer in Windsor, Canada. Contact father +91-9417177476

Gursikh Girl 32/5'4"/MA Psychology Punjab University. Stays in Chandigarh/Father Retd as Additional Director from GOI. CONTACT +91 8360626857


ਪੰਨਾ 3 'ਤੇ ਦਿੱਤੇ ਪ੍ਰਸ਼ਨਾਂ ਦੇ ਉੱਤਰ: 1. C 2. C 3. C

Chief Editor: Dr. Harjinder Singh Editor: Dr. Davinder Singh Designer: Pavit Singh
Advisory Board: Gujinder Singh (USA), Harpreet Kaur (Belgium), Harmohinder Singh (USA), Mamta Kaur (India), Taranpreet Singh (India), Harman Singh (Canada)



email: canadasikhtimes@gmail.com, M: +1 437 673 7555